**ਦਫਤਰ: ਕਾਰਜ਼ਕਾਰੀ ਇੰਜੀਨੀਅਰ, ਪ੍ਰਾਂਤਕ ਮੰਡਲ, ਲੋ. ਨਿ. ਵਿ. ਭ ਤੇ ਮ ਸ਼ਾਖਾ, ਸਾਹਮਣੇ ਪੁਲਿਸ ਸਟੇਸ਼ਨ ਇੰਡਸਟ੍ਰੀਅਲ ਏਰੀਆ ਫੇਜ਼-1, ਐਸ.ਏ.ਐਸ. ਨਗਰ (ਮੋਹਾਲੀ)**

**ਟੈਲੀਫੋਨ ਨੰ 2226328-0172 :Email id: pwdmohali@gmail.com&ee.pd.moh.pwd@punjab.gov.in**

ਵੱਲ

Sh. Kamaldeep Singh,
Director, Gem Public School,
Phase 3B2, Mohali.

ਨੰਬਰ 5311 ਮਿਤੀ 5-6-23

**ਵਿਸ਼ਾ:-** **ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕਰਨ ਸਬੰਧੀ।**

**ਹਵਾਲਾ:-** ਆਪ ਦਾ ਪੱਤਰ ਨੰ. ਨਿੱਲ ਮਿਤੀ: 17.05.2023 ਇਸ ਦਫਤਰ ਵੱਲ।

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਇਸ ਮੰਡਲ ਅਧੀਨ ਉਪ ਮੰਡਲ ਇੰਜੀਨਅਰ, ਪ੍ਰਾਂਤਕ ਉਪ ਮੰਡਲ, ਲੋਕ ਨਿਰਮਾਣ ਵਿਭਾਗ, ਭ ਤੇ ਮ ਸ਼ਾਖਾ, ਐਸ.ਏ.ਐਸ ਨਗਰ ਦੀ ਰਿਪੋਰਟ ਅਨੁਸਾਰ ਸਕੂਲ ਦੀ ਇਮਾਰਤ ਦਾ ਹਰ ਪੱਖੋ ਮੁਆਇਨਾ ਕਰਨ ਉਪਰੰਤ ਇਮਾਰਤ ਠੀਕ ਪਾਈ ਗਈ ਹੈ। ਇਸ ਬਾਬਤ ਇਸਪੈਕਸ਼ਨ ਫੀਸ ਰੁਪਏ 10,000/- ਜੀ.ਆਰ.ਨੰ 4300060 ਮਿਤੀ 31.05.2023 ਰਾਹੀਂ ਜਮਾਂ ਕਰਵਾ ਲਈ ਗਈ ਹੈ। ਇਸ ਲਈ ਉਪਰੋਕਤ ਸਕੂਲ ਦੀ ਬਿਲਡਿੰਗ ਸੇਫਟੀ ਸਰਟੀਫਿਕੇਟ ਮਿਤੀ 31.03.2024 ਤੱਕ ਹੇਠ ਲਿਖਿਆਂ ਸ਼ਰਤਾਂ ਤੇ ਜਾਰੀ ਕੀਤਾ ਜਾਂਦਾ ਹੈ:-

1 ਨਿਰੀਖਣ ਤੋਂ ਬਾਅਦ ਜੇਕਰ ਸਕੂਲ ਮੁਖੀ ਵੱਲੋਂ ਦਰਸਾਈ ਗਈ ਬਿਲਡਿੰਗ ਵਿੱਚ ਕੋਈ ਵੀ ਵਾਧ/ਬਦਲਾਵ ਕੀਤਾ ਜਾਂਦਾ ਹੈ ਤਾਂ ਉਹ ਕਿਸੇ ਮਾਨਤਾ ਪ੍ਰਾਪਤ ਇੰਜੀਨੀਅਰ ਦੀ ਨਿਗਰਾਨੀ ਵਿੱਚ ਕਰਵਾਇਆ ਜਾਵੇ ਅਤੇ ਬਿਲਡਿੰਗ ਦੀ ਸੇਫਟੀ ਸਬੰਧੀ ਮਾਨਤਾ ਪ੍ਰਾਪਤ ਸਟੱਕਚਰਲ ਇੰਜੀਨੀਅਰ ਤੋਂ ਦੁਬਾਰਾ ਪ੍ਰਵਾਨਗੀ ਲੈਣ ਉਪਰੰਤ ਇਸ ਦਫ਼ਤਰ ਤੋਂ ਦਰਸਾਈਆਂ ਸ਼ਰਤਾਂ ਨੂੰ ਮੁੱਖ ਰੱਖਦੇ ਹੋਏ ਦੁਬਾਰਾ ਬਿਲਡਿੰਗ ਦਾ ਸੇਫਟੀ ਸਰਟੀਫਿਕੇਟ ਜਾਰੀ ਕਰਵਾਇਆ ਜਾਵੇ।

2 ਜੇਕਰ ਕੋਈ ਕੁਦਰਤੀ ਆਫਤ ਕਾਰਨ ਜਾਂ ਕਿਸੇ ਵੀ ਕਾਰਨ ਬਿਲਡਿੰਗ ਨੂੰ ਨੁਕਸਾਨ ਹੁੰਦਾ ਹੈ ਤਾਂ ਵੀ ਸਕੂਲ ਮੁੱਖੀ ਨੂੰ ਤੁਰੰਤ ਇਸ ਦਫ਼ਤਰ ਨੂੰ ਸੂਚਿਤ ਕਰਨਾ ਪਵੇਗਾ ਤਾਂ ਜੋ ਬਣਦੀ ਕਾਰਵਾਈ ਕੀਤੀ ਜਾ ਸਕੇ।

3 ਇਸ ਬਿਲਡਿੰਗ ਦਾ ਫਾਇਰ ਸੇਫਟੀ ਸਰਟੀਫਿਕੇਟ, ਪੰਜਾਬ ਫਾਇਰ ਸਰਵਿਸਿਜ਼, ਐਸ.ਏ.ਐਸ ਨਗਰ ਵੱਲੋਂ ਉਨ੍ਹਾਂ ਦੇ ਨੰ. **NOC No 2004-70795-Fire/52166** ਮਿਤੀ **12.05.2023** ਦੁਆਰਾ ਜਾਰੀ ਕੀਤਾ ਗਿਆ ਹੈ। ਫਾਇਰ ਸੇਫਟੀ ਸਰਟੀਫਿਕੇਟ ਨਵੀਨੀਕਰਨ ਦੀ ਨਿਰੋਲ ਜਿੰਮੇਵਾਰੀ ਬਿਨੇਕਾਰ ਦੀ ਹੋਵੇਗੀ, ਨਹੀਂ ਤਾਂ ਤੁਰੰਤ ਸਮੇ ਤੋਂ ਇਸ ਬਿਲਡਿੰਗ ਸੇਫਟੀ ਸਰਟੀਫਿਕੇਟ ਰੱਦ ਸਮਝਿਆ ਜਾਵੇਗਾ। ਫਾਇਰ ਸੇਫਟੀ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਅੱਗ ਬੁਝਾਊ ਯੰਤਰ ਤਸੱਲੀਬਖਸ਼ ਹੋਣੇ ਚਾਹੀਦੇ ਹਨ ਅਤੇ ਕਰਮਚਾਰੀ ਅੱਗ ਬੁਝਉਣ ਸਬੰਧੀ ਟਰੇਂਡ ਹੋਣੇ ਚਾਹੀਦੇ ਹਨ, ਇਸ ਨੂੰ ਯਕੀਨੀ ਬਣਾਇਆ ਜਾਵੇ।

**4** ਇਹ ਸਰਟੀਫਿਕੇਟ ਕਿਸੇ ਵੀ ਲੀਗਲ ਕੇਸਾਂ ਲਈ ਪ੍ਰਮਾਣਿਤ ਨਹੀਂ ਹੋਵੇਗਾ।

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ, ਲੋ.ਨਿ.ਵਿ. ਭ ਤੇ ਮ ਸ਼ਾਖਾ,
ਐਸ.ਏ.ਐਸ ਨਗਰ।

ਪਿੱਠ ਅੰਕਣ ਨੰ. ਮਿਤੀ

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ, ਲੋ.ਨਿ.ਵਿ. ਭ ਤੇ ਮ ਸ਼ਾਖਾ, ਐਸ.ਏ.ਐਸ ਨਗਰ ਨੂੰ ਉਹਨਾ ਦੇ ਪੱਤਰ ਨੰਬਰ 214 ਮਿਤੀ 31.05.2023 ਦੇ ਹਵਾਲੇ ਅਧੀਨ ਸੂਚਨਾ ਹਿੱਤ ਭੇਜਿਆ ਜਾਂਦਾ ਹੈ।

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ, ਲੋ.ਨਿ.ਵਿ. ਭ ਤੇ ਮ ਸ਼ਾਖਾ,
ਐਸ.ਏ.ਐਸ ਨਗਰ।